**ਨਿਰਗੁਣੁ ਰਾਖਿ ਲੀਆ ਸੰਤਨ ਕਾ ਸਦਕਾ ॥ ਸਤਿਗੁਰਿ ਢਾਕਿ ਲੀਆ ਮੋਹਿ ਪਾਪੀ ਪੜਦਾ ॥ ਢਾਕਨਹਾਰੇ ਪ੍ਰਭੂ ਹਮਾਰੇ ਜੀਅ ਪ੍ਰਾਨ ਸੁਖਦਾਤੇ ॥ ਅਬਿਨਾਸੀ ਅਬਿਗਤ ਸੁਆਮੀ ਪੂਰਨ ਪੁਰਖ ਬਿਧਾਤੇ ॥ ਉਸਤਤਿ ਕਹਨੁ ਨ ਜਾਇ ਤੁਮਾਰੀ ਕਉਣੁ ਕਹੈ ਤੂ ਕਦ ਕਾ ॥ ਨਾਨਕ ਦਾਸੁ ਤਾ ਕੈ ਬਲਿਹਾਰੀ ਮਿਲੈ ਨਾਮੁ ਹਰਿ ਨਿਮਕਾ ॥੪॥੧॥੧੧॥** {ਪੰਨਾ 1117}

ਪਦਅਰਥ:- ਨਿਰਗੁਣੁ—ਗੁਣ-ਹੀਨ। ਕਾ ਸਦਕਾ—ਦੀ ਬਰਕਤਿ ਨਾਲ। ਸੰਤਨ ਕਾ ਸਦਕਾ—ਸੰਤਾਂ ਦੀ ਸਰਨ ਪੈਣ ਦੀ ਬਰਕਤਿ ਨਾਲ। ਸਤਿਗੁਰਿ—ਸਤਿਗੁਰੂ ਨੇ। ਮੋਹਿ ਪਾਪੀ—ਮੇਰਾ ਪਾਪੀ ਦਾ।

ਢਾਕਨਹਾਰੇ—ਹੇ (ਸਾਡੇ ਪਰਦੇ) ਢੱਕਣ ਦੀ ਸਮਰੱਥਾ ਵਾਲੇ! ਜੀਅ ਦਾਤੇ—ਹੇ ਜਿੰਦ ਦੇਣ ਵਾਲੇ! ਪ੍ਰਾਨ ਦਾਤੇ—ਹੇ ਪ੍ਰਾਣ ਦੇਣ ਵਾਲੇ! ਸੁਖਦਾਤੇ—ਹੇ ਸੁਖ ਦੇਣ ਵਾਲੇ! ਅਬਿਗਤ—ਹੇ ਅਵਿਅਕਤ! ਹੇ ਅਦ੍ਰਿਸ਼ਟ! ਪੂਰਨ—ਹੇ ਸਭ ਗੁਣਾਂ ਨਾਲ ਭਰਪੂਰ ਪ੍ਰਭੂ! ਪੁਰਖ—ਹੇ ਸਰਬ-ਵਿਆਪਕ! ਬਿਧਾਤੇ—ਹੇ ਸਿਰਜਣਹਾਰ!

ਉਸਤਤਿ—ਵਡਿਆਈ। ਕਉਣੁ ਕਹੈ—ਕੌਣ ਦੱਸ ਸਕਦਾ ਹੈ? ਕੋਈ ਨਹੀਂ ਦੱਸ ਸਕਦਾ। ਕਦ ਕਾ—ਕਦੋਂ ਦਾ? ਤਾ ਕੈ—ਉਸ (ਗੁਰੂ) ਤੋਂ। ਨਿਮਕਾ—ਨਿਮਖ-ਮਾਤ੍ਰ, ਅੱਖ ਝਮਕਣ ਜਿਤਨੇ ਸਮੇ ਲਈ।4।

ਅਰਥ:- ਹੇ ਮੇਰੇ ਪ੍ਰਭੂ! ਸੰਤ ਜਨਾਂ ਦੀ ਸਰਨ ਪੈਣ ਦੀ ਬਰਕਤਿ ਨਾਲ ਤੂੰ ਮੈਨੂੰ ਗੁਣ-ਹੀਨ ਨੂੰ (ਭੀ ਵਿਕਾਰਾਂ ਤੋਂ) ਬਚਾ ਲਿਆ ਹੈ। ਸਤਿਗੁਰੂ ਨੇ ਮੇਰਾ ਪਾਪੀ ਦਾ ਪਰਦਾ ਢੱਕ ਲਿਆ ਹੈ (ਮੇਰੇ ਪਾਪ ਨਸ਼ਰ ਨਹੀਂ ਹੋਣ ਦਿੱਤੇ)।

ਹੇ ਅਸਾਂ ਜੀਵਾਂ ਦੇ ਮਾਲਕ! ਹੇ ਸਭ ਜੀਵਾਂ ਦਾ ਪਰਦਾ ਢੱਕਣ ਦੀ ਸਮਰਥਾ ਵਾਲੇ! ਹੇ ਜਿੰਦ ਦੇਣ ਵਾਲੇ! ਹੇ ਪ੍ਰਾਣ ਦੇਣ ਵਾਲੇ! ਹੇ ਸੁਖ ਦੇਣ ਵਾਲੇ! ਹੇ ਨਾਸ-ਰਹਿਤ ਸੁਆਮੀ! ਹੇ ਅਦ੍ਰਿਸ਼ਟ ਸੁਆਮੀ! ਹੇ ਸਭ ਗੁਣਾਂ ਨਾਲ ਭਰਪੂਰ ਪ੍ਰਭੂ! ਹੇ ਸਰਬ-ਵਿਆਪਕ! ਹੇ ਸਿਰਜਣਹਾਰ! ਤੇਰੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ। ਕੋਈ ਨਹੀਂ ਦੱਸ ਸਕਦਾ ਕਿ ਤੂੰ ਕਦੋਂ ਦਾ ਹੈਂ।

ਦਾਸ ਨਾਨਕ ਉਸ (ਗੁਰੂ) ਤੋਂ ਕੁਰਬਾਨ ਹੈ (ਜਿਸ ਦੀ ਕਿਰਪਾ ਨਾਲ) ਪਰਮਾਤਮਾ ਦਾ ਨਾਮ ਅੱਖ ਝਮਕਣ ਜਿਤਨੇ ਸਮੇ ਲਈ ਭੀ ਮਿਲ ਜਾਂਦਾ ਹੈ।4।1।11।

ਗਿਣਤੀ ਦਾ ਵੇਰਵਾ:

ਛੰਤ ਮ: 1 — 6

ਛੰਤ ਮ: 4 — 4

ਛੰਤ ਮ: 5 — 1

. . . . . . .—:

. ਜੋੜ . . . 11